# Prime Minister to inaugurate 'Maitri Setu' between India and Bangladesh

March 07, 2021

# ਪ੍ਰਧਾਨ ਮੰਤਰੀ 9 ਮਾਰਚ ਨੂੰ ਭਾਰਤ ਅਤੇ ਬੰਗਲਾਦੇਸ਼ ਦੇ ਦਰਮਿਆਨ 'ਮੈਤ੍ਰੀ ਸੇਤੂ' ਦਾ ਉਦਘਾਟਨ ਕਰਨਗੇ

7 ਮਾਰਚ, 2021

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ 9 ਮਾਰਚ 2021 ਨੂੰ 12 ਵਜੇ ਵੀਡੀਓ ਕਾਨਫਰੰਸਿੰਗ ਦੇ ਜ਼ਰੀਏ ਭਾਰਤ ਅਤੇ ਬੰਗਲਾਦੇਸ਼ ਦੇ ਦਰਮਿਆਨ 'ਮੈਤ੍ਰੀ ਸੇਤੂ' ਦਾ ਉਦਘਾਟਨ ਕਰਨਗੇ। ਪ੍ਰਧਾਨ ਮੰਤਰੀ ਪ੍ਰੋਗਰਾਮ ਦੇ ਦੌਰਾਨ ਤ੍ਰਿਪੁਰਾ ਵਿੱਚ ਕਈ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ ਨੀਂਹ ਪੱਥਰ ਵੀ ਰੱਖਣਗੇ।

'ਮੈਤ੍ਰੀ ਸੇਤੂ' ਪੁਲ਼ ਫੇਨੀ ਨਦੀ 'ਤੇ ਬਣਾਇਆ ਗਿਆ ਹੈ। ਇਹ ਨਦੀ ਤ੍ਰਿਪੁਰਾ ਅਤੇ ਬੰਗਲਾਦੇਸ਼ ਵਿੱਚ ਭਾਰਤੀ ਸੀਮਾ ਦੇ ਦਰਮਿਆਨ ਵਹਿੰਦੀ ਹੈ। 'ਮੈਤ੍ਰੀ ਸੇਤੂ' ਨਾਮ ਭਾਰਤ ਅਤੇ ਬੰਗਲਾਦੇਸ਼ ਦੇ ਦਰਮਿਆਨ ਵਧਦੇ ਦੁਵੱਲੇ ਅਤੇ ਮੈਤ੍ਰੀਪੂਰਨ ਸਬੰਧਾਂ ਦਾ ਪ੍ਰਤੀਕ ਹੈ। ਇਸ ਪੁਲ਼ ਦਾ ਨਿਰਮਾਣ ਰਾਸ਼ਟਰੀ ਰਾਜਮਾਰਗ ਅਤੇ ਬੁਨਿਆਦੀ ਢਾਂਚਾ ਵਿਕਾਸ ਨਿਗਮ ਲਿਮਿਟਿਡ ਨੇ 133 ਕਰੋੜ ਰੁਪਏ ਦੀ ਲਾਗਤ ਨਾਲ ਕੀਤਾ ਹੈ। 1.9 ਕਿਲੋਮੀਟਰ ਲੰਬਾ ਪੁਲ਼ ਭਾਰਤ ਦੇ ਸਬਰੂਮ ਨੂੰ ਬੰਗਲਾਦੇਸ਼ ਦੇ ਰਾਮਗੜ੍ਹ ਨਾਲ ਜੋੜਦਾ ਹੈ। ਇਹ ਭਾਰਤ ਅਤੇ ਬੰਗਲਾਦੇਸ਼ ਦੇ ਦਰਮਿਆਨ ਵਪਾਰ ਅਤੇ ਲੋਕਾਂ ਦੀ ਆਵਾਜਾਈ ਵਿੱਚ ਇੱਕ ਨਵਾਂ ਅਧਿਆਇ ਦੀ ਸ਼ੁਰੂਆਤ ਕਰਨ ਲਈ ਤਿਆਰ ਹੈ। ਇਸ ਉਦਘਾਟਨ ਦੇ ਨਾਲ, ਤ੍ਰਿਪੁਰਾ 'ਗੇਟਵੇ ਆਵ੍ ਨੌਰਥ ਈਸਟ' ਬਣ ਜਾਵੇਗਾ ਕਿਉਂਕਿ ਸਬਰੂਮ ਤੋਂ ਬੰਗਲਾਦੇਸ਼ ਦੀ ਚਟਗਾਓਂ (Chittagong) ਪੋਰਟ ਦੀ ਦੂਰੀ ਸਿਰਫ 80 ਕਿਲੋਮੀਟਰ ਹੈ।

ਪ੍ਰਧਾਨ ਮੰਤਰੀ ਸਬਰੂਮ ਵਿੱਚ ਇੰਟੀਗ੍ਰੇਟਿਡ ਚੈੱਕ ਪੋਸਟ ਸਥਾਪਿਤ ਕਰਨ ਲਈ ਨੀਂਹ ਪੱਥਰ ਵੀ ਰੱਖਣਗੇ। ਇਹ ਦੋਹਾਂ ਦੇਸ਼ਾਂ ਦੇ ਦਰਮਿਆਨ ਮਾਲ ਅਤੇ ਯਾਤਰੀਆਂ ਦੀ ਆਵਾਜਾਈ ਨੂੰ ਅਸਾਨ ਬਣਾਉਣ ਵਿੱਚ ਮਦਦ ਕਰੇਗੀ, ਉੱਤਰ-ਪੂਰਬੀ ਰਾਜਾਂ ਦੇ ਉਤਪਾਦਾਂ ਲਈ ਨਵੇਂ ਬਜ਼ਾਰ ਦੇ ਅਵਸਰ ਪ੍ਰਦਾਨ ਕਰੇਗੀ ਅਤੇ ਭਾਰਤ ਅਤੇ ਬੰਗਲਾਦੇਸ਼ ਦੇ ਯਾਤਰੀਆਂ ਦੀ ਨਿਰਵਿਘਨ ਆਵਾਜਾਈ ਵਿੱਚ ਸਹਾਇਤਾ ਕਰੇਗੀ। ਇਹ ਪ੍ਰੋਜੈਕਟ ਲੈਂਡ ਪੋਰਟਸ ਅਥਾਰਿਟੀ ਆਵ੍ ਇੰਡੀਆ ਦੁਆਰਾ ਲਗਭਗ 232 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਨਾਲ ਬਣਾਇਆ ਜਾ ਰਿਹਾ ਹੈ।

ਪ੍ਰਧਾਨ ਮੰਤਰੀ ਕੈਲਾਸ਼ਹਿਰ ਵਿੱਚ ਉਨਾਕੋਟੀ ਜ਼ਿਲ੍ਹਾ ਹੈੱਡਕੁਆਰਟਰ ਨੂੰ ਖੋਵਾਈ ਜ਼ਿਲ੍ਹਾ ਹੈੱਡਕੁਆਰਟਰ ਨਾਲ ਜੋੜਨ ਵਾਲੇ ਐੱਚਐੱਚ-208 ਦਾ ਨੀਂਹ ਪੱਥਰ ਵੀ ਰੱਖਣਗੇ। ਇਹ ਰਾਸ਼ਟਰੀ ਰਾਜਮਾਰਗ 44 ਨੂੰ ਇੱਕ ਵਿਕਲਪਿਕ ਮਾਰਗ ਪ੍ਰਦਾਨ ਕਰੇਗਾ। ਰਾਸ਼ਟਰੀ ਰਾਜਮਾਰਗ ਅਤੇ ਢਾਂਚਾ ਵਿਕਾਸ ਨਿਗਮ ਲਿਮਿਟਿਡ ਦੁਆਰਾ 1078 ਕਰੋੜ ਰੁਪਏ ਦੀ ਲਾਗਤ ਨਾਲ 80 ਕਿਲੋਮੀਟਰ ਲੰਬੇ ਐੱਨਐੱਚ 208 ਪ੍ਰੋਜੈਕਟ ਨੂੰ ਬਣਾਉਣ ਦਾ ਕੰਮ ਲਿਆ ਗਿਆ ਹੈ।

ਪ੍ਰਧਾਨ ਮੰਤਰੀ ਰਾਜ ਸਰਕਾਰ ਦੁਆਰਾ ਵਿਕਸਿਤ ਰਾਜ ਰਾਜਮਾਰਗਾਂ ਅਤੇ ਹੋਰ ਜ਼ਿਲ੍ਹਾ ਸੜਕਾਂ ਦਾ ਵੀ ਉਦਘਾਟਨ ਕਰਨਗੇ, ਜਿਨ੍ਹਾਂ ਵਿੱਚ 63.75 ਕਰੋੜ ਰੁਪਏ ਦਾ ਵਿੱਤੀ ਖਰਚ ਹੋਵੇਗਾ। ਉਹ ਤ੍ਰਿਪੁਰਾ ਦੇ ਲੋਕਾਂ ਨੂੰ ਸਾਰੇ ਮੌਸਮਾਂ ਵਿੱਚ ਕਨੈਕਟੀਵਿਟੀ ਪ੍ਰਦਾਨ ਕਰਨਗੇ।

ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ) ਦੇ ਤਹਿਤ 40978 ਮਕਾਨਾਂ ਦਾ ਉਦਘਾਟਨ ਕਰਨਗੇ, ਜਿਨ੍ਹਾਂ 'ਤੇ 813 ਕਰੋੜ ਰੁਪਏ ਦੀ ਲਾਗਤ ਆਈ ਹੈ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਅਗਰਤਲਾ ਸਮਾਰਟ ਸਿਟੀ ਮਿਸ਼ਨ ਦੇ ਤਹਿਤ ਬਣੇ ਇੰਟੀਗ੍ਰੇਟਿਡ ਕਮਾਂਡ ਐਂਡ ਕੰਟਰੋਲ ਸੈਂਟਰ ਦਾ ਵੀ ਉਦਘਾਟਨ ਕਰਨਗੇ।

ਇਸ ਦੇ ਇਲਾਵਾ, ਪ੍ਰਧਾਨ ਮੰਤਰੀ ਪੁਰਾਣੇ ਮੋਟਰ ਸਟੈਂਡ ਵਿੱਚ ਮਲਟੀ ਲੈਵਲ ਕਾਰ ਪਾਰਕਿੰਗ ਅਤੇ ਕਮਰਸ਼ੀਅਲ ਕੰਪਲੈਕਸ ਦੇ ਵਿਕਾਸ ਲਈ ਨੀਂਹ ਪੱਥਰ ਰੱਖਣਗੇ। ਇਸ ਨੂੰ ਲਗਭਗ 200 ਕਰੋੜ ਰੁਪਏ ਦੀ ਲਾਗਤ ਨਾਲ ਵਿਕਸਿਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਲਿਚੁਬਾਗਨ ਤੋਂ ਹਵਾਈ ਅੱਡੇ ਤੱਕ ਦੋ ਲੇਨ ਤੋਂ ਲੈ ਕੇ ਚਾਰ ਲੇਨ ਤੱਕ ਦੀ ਮੌਜੂਦਾ ਸੜਕ ਨੂੰ ਚੌੜਾ ਕਰਨ ਦੇ ਕੰਮ ਦਾ ਵੀ ਨੀਂਹ ਪੱਥਰ ਰੱਖਣਗੇ। ਅਗਰਤਲਾ ਸਮਾਰਟ ਸਿਟੀ ਮਿਸ਼ਨ ਦੁਆਰਾ ਇਹ ਕਾਰਜ ਲਗਭਗ 96 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਨਾਲ ਲਾਗੂ ਕੀਤਾ ਜਾ ਰਿਹਾ ਹੈ।

ਨਵੀਂ ਦਿੱਲੀ

7 ਮਾਰਚ, 2021

DISCLAIMER: This is an approximate translation. The original is available in English on MEA's website and may be referred to as the official press release.